# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-12-2024**

- ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਜੇ. ਪੀ NADDA ਵੱਲੋਂ ਤਪਦਿਕ ਦੇ ਖਾਤਮੇ ਲਈ ਛੇੜੀ ਗਈ 100 ਦਿਨਾ ਮੁਹਿੰਮ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰਿਆਂ ਨੂੰ ਤਪਦਿਕ ਨੂੰ ਜੜ੍ਹੋਂ ਖ਼ਤਮ ਕਰਨ ਲਈ ਰਲ ਕੇ ਆਪਣਾ ਯੋਗਦਾਨ ਪਾਉਣ ਦੀ ਕੀਤੀ ਅਪੀਲ।
- ਅੱਜ ਹਥਿਆਰ ਬੰਦ ਫੌਜਾਂ ਦਾ ਝੰਡਾ ਦਿਵਸ ਮਨਾਇਆ ਜਾ ਰਿਹਾ ਏ।
- ਕੇਂਦਰ ਸਰਕਾਰ ਨੇ ਪ੍ਰਧਾਨ ਮੰਤਰੀ-ਕਿਸਾਨ ਯੋਜਨਾ ਦੇ ਤਹਿਤ ਮਾਲੀ ਲੋੜਾਂ ਨੂੰ ਪੂਰਾ ਕਰਨ ਲਈ ਹੁਣ 18 ਕਿਸ਼ਤਾਂ ਵਿਚ 3.46 ਕਰੋੜ ਰੁਪਏ ਦੀ ਵੰਡ ਕੀਤੀ ਏ।

- ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਮਿਸ਼ਨ ਰੋਜ਼ਗਾਰ ਤਹਿਤ ਅੱਜ ਸਥਾਨਕ ਸਰਕਾਰ ਬਾਰੇ ਮੰਤਰੀ ਡਾ ਰਵਜੋਤ ਸਿੰਘ ਨੇ ਅੰਮ੍ਰਿਤਸਰ ਨਗਰ ਨਿਗਮ ਦਫ਼ਤਰ ਵਿਖੇ 85 ਵਿਅਕਤੀਆਂ ਨੂੰ ਸੌਂਪੇ ਨਿਯੁਕਤੀ ਪੱਤਰ।
- ਖੇਤੀਬਾੜੀ ਸੈਕਟਰ ਵਿੱਚ ਚੁਗਿਰਦੇ ਪਖੀ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਦਿਆਂ ਪੰਜਾਬ ਊਰਜਾ ਵਿਕਾਸ ਏਜੰਸੀ ਵੱਲੋਂ ਸੂਬੇ ਭਰ ਵਿੱਚ 2 ਹਜ਼ਾਰ 356 ਸੂਰਜੀ ਪੰਪ ਲਾਏ ਜਾਣਗੇ।

---------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇਪੀ ਨੱਡਾ ਨੇ ਅੱਜ ਕਿਹਾ ਏ ਕਿ TB ਮੁਕਤ ਭਾਰਤ ਦੇ ਟੀਚੇ ਨੂੰ ਹਾਸਲ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਤਪਦਿਕ ਦੇ ਖਾਤਮੇ ਲਈ, ਪੰਚਕੂਲਾ ਤੋਂ, ਦੇਸ਼ ਵਿਆਪੀ 100 ਦਿਨਾਂ ਦੀ ਮੁਹਿੰਮ ਦੀ ਸ਼ੁਰੂਆਤ ਕਰਨ ਤੋਂ ਬਾਅਦ ਇੱਕ ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਤਪਦਿਕ ਖਾਤਮਾ ਪ੍ਰੋਗਰਾਮ 2025 ਤੱਕ ਦੇਸ਼ ਨੂੰ ਤਪਦਿਕ ਮੁਕਤ ਬਣਾਉਣ ਲਈ ਮੀਲ ਦਾ ਪੱਥਰ ਸਾਬਤ ਹੋਵੇਗਾ। ਕੇਂਦਰੀ ਮੰਤਰੀ ਨੇ

ਕਿਹਾ ਕਿ ਰਣਨੀਤੀਆਂ ਬਦਲੀਆਂ ਗਈਆਂ ਨੇ । ਅਤੇ ਹੁਣ ਤਪਦਿਕ ਦੇ ਸਰਾਪ ਨੂੰ ਖਤਮ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਕਾ ਰਹੀ ਏ. ਸ੍ਰੀ ਨੱਡਾ ਨੇ ਕਿਹਾ ਕਿ ਤਪਦਿਕ ਦੇ ਮਰੀਜ਼ Ayushman Bharat-Pradhan Mantri Jan Arogya Yojana ਦਾ ਲਾਭ ਪ੍ਰਾਪਤ ਕਰ ਰਹੇ ਨੇ. ਉਨ੍ਹਾਂ ਦੱਸਿਆ ਕਿ ਤਪਦਿਕ ਦੇ ਮਰੀਜ਼ਾਂ ਨੂੰ 1 ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੇ ਜਾ ਰਹੇ ਨੇ. ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਅਤੇ ਸਿਹਤ ਮੰਤਰੀ ਕੁਮਾਰੀ ਆਰਤੀ ਸਿੰਘ ਰਾਓ ਵੀ ਮੌਜੂਦ ਸਨ । ਇਹ ਮੁਹਿੰਮ 33 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 347 ਜ਼ਿਲ੍ਹਿਆਂ ਵਿੱਚ ਸ਼ੁਰੂ ਕੀਤੀ ਗਈ ਏ । ਇਹ ਮੁਹਿੰਮ, ਲੋਕਾਂ, ਖਾਸ ਕਰਕੇ ਉੱਚ ਜੋਖਮ ਵਾਲੇ ਸਮੂਹਾਂ ਵਿੱਚ, ਤਪਦਿਕ ਦੇ ਕੇਸਾਂ ਦਾ ਪਤਾ ਲਾਉਣ, ਇਲਾਜ ਵਿੱਚ ਦੇਰੀ ਨੂੰ ਘਟਾਉਣ ਅਤੇ ਇਲਾਜ ਦੇ ਨਤੀਜਿਆਂ ਵਿੱਚ ਸੁਧਾਰ ਕਰਨ 'ਤੇ ਧਿਆਨ ਕੇਂਦਰਿਤ ਕਰੇਗੀ ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਤਪਦਿਕ ਵਿਰੁੱਧ ਦੇਸ਼ ਦੀ ਲੜਾਈ ਮਜ਼ਬੂਤ ਹੋ ਗਈ ਏ, ਜਿਸ ਨਾਲ ਤਪਦਿਕ ਦੇ ਜ਼ਿਆਦਾ

ਮਾਮਲਿਆਂ ਵਾਲੇ ਜ਼ਿਲ੍ਹਿਆਂ 'ਤੇ ਧਿਆਨ ਕੇਂਦ੍ਰਿਤ ਕਰਕੇ 100 ਦਿਨਾਂ ਦੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਮਰੀਜ਼ਾਂ ਨੂੰ ਦੁਗਣੀ ਸਹਾਇਤਾ, ਜਨ ਹਿੱਸੇਦਾਰੀ, ਨਵੀਆਂ ਦਵਾਈਆਂ, ਤਕਨਾਲੋਜੀ ਦੀ ਵਰਤੋਂ, ਅਤੇ ਬਿਹਤਰ ਡਾਇਗਨੋਸਟਿਕ ਸਾਧਨਾਂ ਨਾਲ ਬਹੁ-ਪੱਖੀ ਢੰਗ ਨਾਲ ਮੁਕਾਬਲਾ ਕਰ ਰਿਹਾ ਏ । ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਟੀਬੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਇਕੱਠੇ ਹੋ ਕੇ ਆਪਣਾ ਯੋਗਦਾਨ ਪਾਉਣ ।

---------------------------------------------------------------

ਓਧਰ ਟੀ.ਬੀ. ਦੇ ਖਾਤਮੇ ਲਈ ਗੁਰਦਾਸਪੁਰ ਸਿਹਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੀ ਅੱਜ ਇਕ ਸਿਹਤ ਸਹੂਲਤਾਂ ਨਾਲ ਲੈਸ ਆਧੁਨਿਕ ਬੱਸ ਨੂੰ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਸਰਵੇ ਟੀਮ ਵੱਲੋਂ ਟੀ.ਬੀ. ਦੇ ਮਰੀਜ਼ਾਂ ਨੂੰ ਲੱਭ ਕੇ ਉਨ੍ਹਾਂ ਦਾ ਇਲਾਜ ਕੀਤਾ ਜਾਵੇਗਾ। ਉਧਰ ਫਰੀਦਕੋਟ ਸਿਹਤ ਵਿਭਾਗ

ਵਲੋਂ ਵੀ 100 ਦਿਨਾਂ ਟੀ.ਬੀ. ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਏ। ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਜਾਗਰੂਕਤਾ ਰੈਲੀ ਨੂੰ ਝੰਡੀ ਦੇ ਕੇ ਰਵਾਨਾ ਕੀਤਾ । ਇਸ ਜਾਗਰੂਕਤਾ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਸ਼ੁਰੂ ਕੀਤੀ ਗਈ ਇਹ ਮੁਹਿੰਮ 24 ਮਾਰਚ 2025 ਵਿਸ਼ਵ ਟੀ.ਬੀ. ਦਿਵਸ ਤੱਕ ਚੱਲੇਗੀ ।

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਹਥਿਆਰਬੰਦ ਸੈਨਾ ਝੰਡਾ ਦਿਵਸ ਦੇ ਮੌਕੇ 'ਤੇ ਭਾਰਤੀ ਹਥਿਆਰਬੰਦ ਬਲਾਂ ਦੇ ਸਾਹਸ, ਬਹਾਦਰੀ, ਦ੍ਰਿੜਤਾ ਅਤੇ ਬਲਿਦਾਨ ਨੂੰ ਸਲਾਮ ਕੀਤੈ । ਆਪਣੇ ਸੰਦੇਸ਼ ਵਿੱਚ ਸ੍ਰੀ ਸਿੰਘ ਨੇ ਕਿਹਾ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਭਾਰਤੀ ਹਥਿਆਰਬੰਦ ਬਲਾਂ ਦੇ ਸਾਹਸ ਅਤੇ ਯੋਗਦਾਨ ਨੂੰ ਯਾਦ ਕਰਨ ਦਾ ਦਿਨ ਏ । ਉਨ੍ਹਾਂ ਨੇ ਭਾਰਤ ਨੂੰ ਸੁਰੱਖਿਅਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ ।

Byte-

ਰੱਖਿਆ ਮੰਤਰੀ ਨੇ ਸਾਰਿਆਂ ਨੂੰ ਹਥਿਆਰਬੰਦ ਸੈਨਾ ਝੰਡਾ ਦਿਵਸ ਫੰਡ ਵਿੱਚ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ । ਹਥਿਆਰਬੰਦ ਸੈਨਾ ਝੰਡਾ ਦਿਵਸ 1949 ਤੋਂ ਹਰੇਕ ਸਾਲ 7 ਦਸੰਬਰ ਨੂੰ ਦੇਸ਼ ਦੇ ਸ਼ਹੀਦਾਂ ਅਤੇ ਫੌਜ ਦਾ ਸਨਮਾਨ ਕਰਨ ਲਈ ਮਨਾਇਆ ਜਾਂਦਾ ਏ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਹਥਿਆਰਬੰਦ ਸੈਨਾ ਝੰਡਾ ਦਿਵਸ ਦੇਸ਼ ਦੇ ਸੈਨਿਕਾਂ ਦੀ ਬਹਾਦਰੀ , ਦ੍ਰਿੜਤਾ ਅਤੇ ਬਲਿਦਾਨ ਨੂੰ ਸਲਾਮ ਕਰਨ ਬਾਰੇ ਏ । ਹਥਿਆਰਬੰਦ ਸੈਨਾ ਝੰਡਾ ਦਿਵਸ ਦੇ ਮੌਕੇ ਆਪਣੇ ਸੰਦੇਸ਼ ਵਿੱਚ ਸ਼੍ਰੀ ਮੋਦੀ ਨੇ ਕਿਹੈ ਕਿ ਉਨ੍ਹਾਂ ਦੀ ਬਹਾਦਰੀ ਪ੍ਰੇਰਨਾ ਦਿੰਦੀ ਏ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਸਾਰਿਆਂ ਨੂੰ ਨਿਮਰ ਕਰਦੀਆਂ ਨੇ । ਉਨ੍ਹਾਂ ਦੇਸ਼ਵਾਸੀਆਂ ਨੂੰ ਹਥਿਆਰਬੰਦ ਸੈਨਾ ਝੰਡਾ ਦਿਵਸ ਫੰਡ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ ਏ ।

---------------------------------------------------------------

ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵਲੋਂ ਅੱਜ ਨਵੀਂ ਦਿੱਲੀ

ਵਿੱਚ ਆਗਾਮੀ ਕੇਂਦਰੀ ਬਜਟ 2025-26 ਦੇ ਸਬੰਧ ਵਿੱਚ ਵੱਖ-ਵੱਖ ਕਿਸਾਨ ਸੰਗਠਨਾਂ ਅਤੇ ਪ੍ਰਮੁੱਖ ਖੇਤੀਬਾੜੀ ਅਰਥ ਸ਼ਾਸਤਰੀਆਂ ਨਾਲ ਦੂਜੇ ਪ੍ਰੀ-ਬਜਟ ਸੰਬੰਧੀ ਸਲਾਹ-ਮਸ਼ਵਰਾ ਕੀਤਾ ਗਯਾ ਏ । ਮੀਟਿੰਗ ਵਿੱਚ ਵਿੱਤ ਰਾਜ ਮੰਤਰੀ ਪੰਕਜ ਚੌਧਰੀ, ਵਿੱਤ ਸਕੱਤਰ ਅਤੇ ਆਰਥਿਕ ਮਾਮਲਿਆਂ ਦੇ ਵਿਭਾਗ ਦੇ ਸਕੱਤਰ ਵੀ ਹਾਜ਼ਰ ਸਨ।

---

ਕੇਂਦਰ ਸਰਕਾਰ ਨੇ ਪ੍ਰਧਾਨ ਮੰਤਰੀ-ਕਿਸਾਨ ਯੋਜਨਾ ਦੇ ਤਹਿਤ 2019 ਵਿਚ ਇਸ ਦੀ ਸ਼ੁਰੂਆਤ ਤੋਂ ਲੈ ਕੇ ਕਿਸਾਨਾਂ ਦੀਆਂ ਵਿੱਤੀ ਲੋੜਾਂ ਨੂੰ ਪੂਰਾ ਕਰਨ ਲਈ 18 ਕਿਸ਼ਤਾਂ ਵਿਚ 3.46 ਕਰੋੜ ਰੁਪਏ ਦੀ ਵੰਡ ਕੀਤੀ ਏ । ਇਹ ਵਿੱਤੀ ਲਾਭ, ਜੋ ਪ੍ਰਤੀ ਸਾਲ 6 ਹਜ਼ਾਰ ਰੁਪਏ ਦੀਆਂ ਤਿੰਨ ਬਰਾਬਰ ਕਿਸ਼ਤਾਂ ਵਿੱਚ ਦਿੱਤਾ ਜਾ ਰਿਹਾ ਏ , ਪੂਰਨ ਪਾਰਦਰਸ਼ਤਾ ਨੂੰ ਕਾਇਮ ਰੱਖਦੇ ਹੋਏ, ਸਿੱਧੇ ਲਾਭ ਤਬਾਦਲੇ ਰਾਹੀਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਗਏ ਨੇ । ਇਸ ਸਕੀਮ ਤਹਿਤ ਪੰਜਾਬ ਵਿੱਚ ਲਾਭਪਾਤਰੀਆਂ ਨੂੰ 5 ਹਜ਼ਾਰ 569 ਕਰੋੜ ਰੁਪਏ ਤੋਂ ਵੱਧ ਅਤੇ ਹਰਿਆਣਾ ਵਿੱਚ 6 ਹਜ਼ਾਰ 138 ਕਰੋੜ ਰੁਪਏ ਤੋਂ ਵੱਧ ਦਿੱਤੇ ਗਏ ਨੇ ।

ਕੱਲ੍ਹ ਰਾਜ ਸਭਾ ਵਿੱਚ ਜਾਣਕਾਰੀ ਦਿੰਦੇ ਹੋਏ ਖੇਤੀਬਾੜੀ ਅਤੇ ਕਿਸਾਨ ਭਲਾਈ ਰਾਜ ਮੰਤਰੀ, ਸ਼੍ਰੀ ਰਾਮ ਨਾਥ ਠਾਕੁਰ ਨੇ ਕਿਹਾ ਕਿ ਸਰਕਾਰ ਦੁਆਰਾ ਕੀਤੇ ਗਏ ਮਹੱਤਵਪੂਰਨ ਯਤਨਾਂ ਨਾਲ 18ਵੀਂ ਕਿਸ਼ਤ ਵਿੱਚ ਲਾਭ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਦੀ ਗਿਣਤੀ ਵਧ ਕੇ 9.58 ਕਰੋੜ ਹੋ ਗਈ ਏ। ਨਵੀਂ ਸਰਕਾਰ ਦੇ ਪਹਿਲੇ 100 ਦਿਨਾਂ ਦੇ ਅੰਦਰ 25 ਲੱਖ ਤੋਂ ਵੱਧ ਯੋਗ ਕਿਸਾਨਾਂ ਨੂੰ ਇਸ ਸਕੀਮ ਵਿੱਚ ਸ਼ਾਮਲ ਕੀਤਾ ਗਿਆ ਸੀ।

---------------------------------------------------

ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਮਿਸ਼ਨ ਰੋਜ਼ਗਾਰ ਤਹਿਤ ਅੱਜ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੰਮ੍ਰਿਤਸਰ ਨਗਰ ਨਿਗਮ ਦਫ਼ਤਰ ਵਿਖੇ 85 ਵਿਅਕਤੀਆਂ ਨੂੰ ਨਿਯੁਕਤੀ ਪੱਤਰ ਸੌਂਪਣ ਉਪਰੰਤ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਦੇ ਹੋਰ ਮੌਕੇ ਮੁਹੱਈਆ ਕਰਵਾਉਣ ਲਈ ਵਚਨਬੱਧ ਏ। ਡਾ. ਰਵਜੋਤ ਸਿੰਘ ਨੇ ਨਿਯੁਕਤੀ ਪੱਤਰ ਦਿੰਦੇ ਹੋਏ ਕਰਮਚਾਰੀਆਂ ਨੂੰ ਕਿਹਾ ਕਿ ਤੁਸੀਂ ਇਸ ਸਰਕਾਰ ਦਾ ਹਿੱਸਾ ਬਣ ਗਏ ਹੋ ਅਤੇ ਤੁਸੀਂ ਹੁਣ

ਪੰਜਾਬ ਦੀ ਸਮਾਜਿਕ ਅਤੇ ਆਰਥਿਕ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਂਣੀ ਏ। ਉਨ੍ਹਾਂ ਕਿਹਾ ਕਿ ਨੌਕਰੀਆਂ ਕੇਵਲ ਯੋਗਤਾ ਦੇ ਆਧਾਰ ਤੇ ਹੀ ਦਿੱਤੀਆਂ ਗਈਆਂ ਨੇ। ਉਨ੍ਹਾਂ ਉਮੀਦ ਜਤਾਈ ਕਿ ਨਵੀਂ ਭਰਤੀ ਹੋਏ ਕਰਮਚਾਰੀ ਆਪਣੀ ਕਲਮ ਦੀ ਵਰਤੋ ਸਮਾਜ ਦੇ ਲੋੜਵੰਦ ਅਤੇ ਪਿਛੜੇ ਵਰਗਾਂ ਦੀ ਮਦਦ ਲਈ ਕਰਨਗੇ। ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲਿਆਂ ਵਿਚ 19 ਕਾਰਜ ਸਾਧਕ ਅਫ਼ਸਰ, 18 ਡਰਾਈਵਰ ਤੇ ਓਪਰੇਟਰ ਅਤੇ 48 ਸਫਾਈ ਸੇਵਕ, ਸੇਵਾਦਾਰ ਅਤੇ ਬੇਲਦਾਰ ਸ਼ਾਮਿਲ ਨੇ। ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਤੁਸੀਂ ਇਸ ਪਵਿੱਤਰ ਸ਼ਹਿਰ ਵਿੱਚ ਨਿੱਯੁਕਤ ਹੋਏ ਹੋ, ਜਿਥੇ ਰੋਜ਼ਾਨਾ 1.25 ਲੱਖ ਸ਼ਰਧਾਲੂ ਆਉਂਦੇ ਨੇ ਅਤੇ ਤੁਹਾਡਾ ਸਾਰਿਆਂ ਦਾ ਫਰਜ਼ ਬਣਦਾ ਏ ਕਿ ਇਸ ਸ਼ਹਿਰ ਨੂੰ ਸਾਫ਼ ਸੁਥਰਾ ਰੱਖਣ ਲਈ ਮਿਹਨਤ ਕਰੀਏ। ਸਮਾਗਮ ਉਪਰੰਤ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਕੈਬਨਿਟ ਮੰਤਰੀ ਧਾਲੀਵਾਲ ਅਤੇ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਨੇ ਯੂਨੀਵਰਸਿਟੀ ਤੋਂ ਲੈ ਕੇ ਭੰਡਾਰੀ ਪੁੱਲ ਤੱਕ ਬੀ.ਆਰ.ਟੀ.ਐਸ. ਬੱਸ ਰਾਹੀਂ ਸਫ਼ਰ ਕੀਤਾ। ਡਾ.

ਰਵਜੋਤ ਸਿੰਘ ਨੇ ਕਿਹਾ ਕਿ ਛੇਤੀ ਹੀ ਬੀ.ਅਰ.ਟੀ.ਐਸ. ਬੱਸਾਂ ਦੀ ਗਿਣਤੀ ਨੂੰ ਹੋਰ ਵਧਾਇਆ ਜਾਵੇਗਾ। ਇਹਨਾਂ ਬੱਸਾਂ ਨੂੰ ਚਲਾਉਣ ਵਿੱਚ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।

---------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਭਾਰਤ ਵਿੱਚ ਸਵੱਛ ਊਰਜਾ ਤਬਦੀਲੀ ਨੂੰ ਅੱਗੇ ਵਧਾਉਣ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਯੂਕੇ ਆਧਾਰਿਤ ਕਲਾਈਮੇਟ ਕੰਪੈਟੀਬਲ ਗਰੋਥ ਨੈੱਟਵਰਕ (ਸੀਸੀਜੀ) ਨਾਲ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ। ਇਹ ਹਸਤਾਖ਼ਰ ਪੰਜਾਬ ਯੂਨੀਵਰਸਿਟੀ ਦੇ ਵਾਤਾਵਰਨ ਅਧਿਐਨ ਵਿਭਾਗ ਦੁਆਰਾ ਕਲਾਈਮੇਟ ਕੰਪੈਟੀਬਲ ਗਰੋਥ ਨੈੱਟਵਰਕ, ਯੂ.ਕੇ. ਅਤੇ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨ, ਚੰਡੀਗੜ੍ਹ ਦੇ ਸਹਿਯੋਗ ਨਾਲ ਆਯੋਜਿਤ ਇਕ ਸ਼ੁਰੂਆਤੀ ਵਰਕਸ਼ਾਪ ਦੌਰਾਨ ਕੀਤੇ ਗਏ ।ਇਹ ਵਰਕਸ਼ਾਪ, ਜਿਸ ਨੇ ਮਾਹਰਾਂ, ਨੀਤੀ ਨਿਰਮਾਤਾਵਾਂ, ਅਤੇ ਮੁੱਖ ਹਿੱਸੇਦਾਰਾਂ ਨੂੰ ਇਕੱਠਾ ਕੀਤਾ, ਉੱਤਰੀ ਭਾਰਤ ਵਿੱਚ ਟਿਕਾਊ ਵਿਕਾਸ ਲਈ ਇੱਕ ਰੋਡਮੈਪ ਬਣਾਉਣ 'ਤੇ ਕੇਂਦਰਿਤ ਏ। ਇਸ ਸਹਿਮਤੀ ਪੱਤਰ

ਰਾਹੀਂ, ਪੰਜਾਬ ਯੂਨੀਵਰਸਿਟੀ ਅਤੇ ਸੀਸੀਜੀ ਦਾ ਉਦੇਸ਼ ਸਹਿਯੋਗੀ ਖੋਜ ਨੂੰ ਮਜ਼ਬੂਤ ਕਰਨਾ, ਗਿਆਨ ਦੇ ਆਦਾਨ-ਪ੍ਰਦਾਨ ਦੀ ਸਹੂਲਤ, ਅਤੇ ਭਾਰਤ ਵਿੱਚ ਸਮਰੱਥਾ-ਨਿਰਮਾਣ ਦੇ ਯਤਨਾਂ ਨੂੰ ਉਤਸ਼ਾਹਿਤ ਕਰਨਾ ਏ। ਇਹ ਸਾਂਝੇਦਾਰੀ ਸੰਯੁਕਤ ਖੋਜ ਪਹਿਲਕਦਮੀਆਂ ਅਤੇ ਜਲਵਾਯੂ ਨਾਲ ਸਬੰਧਤ ਚੁਣੌਤੀਆਂ ਨੂੰ ਹੱਲ ਕਰਨ ਲਈ ਨਵੀਨਤਾਕਾਰੀ ਹੱਲਾਂ ਦੇ ਵਿਕਾਸ ਨੂੰ ਵੀ ਸਮਰੱਥ ਕਰੇਗੀ।

---------------------------------------------------

ਖੇਤੀ ਸੈਕਟਰ ਵਿੱਚ ਗਰੀਨ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਦਿਆਂ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਵੱਲੋਂ ਖੇਤੀਬਾੜੀ ਵਾਸਤੇ ਸੂਬੇ ਭਰ ਵਿੱਚ 2,356 ਸੋਲਰ ਪੰਪ ਲਗਾਏ ਜਾਣਗੇ। ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਸੂਬੇ ਵਿੱਚ ਖੇਤੀਬਾੜੀ ਵਾਸਤੇ ਸੋਲਰ ਪੰਪ ਬਣਾਉਣ ਵਾਲਿਆਂ ਤਿਨ ਕੰਪਨੀਆਂ ਨੂੰ 2,356 ਸੋਲਰ ਪੰਪ ਲਗਾਉਣ ਸਬੰਧੀ ਵਰਕ ਆਰਡਰ ਸੌਂਪੇ। ਇਨ੍ਹਾਂ ਪੰਪਾਂ ਨੂੰ ਲਗਾਉਣ ਸਬੰਧੀ ਕਾਰਜ ਚਾਰ ਮਹੀਨਿਆਂ ਵਿੱਚ ਮੁਕੰਮਲ ਹੋਣ ਦੀ ਉਮੀਦ ਏ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਜਿਹੜੇ

ਡਾਰਕ ਜ਼ੋਨ ਯਾਨੀ ਜਿਨ੍ਹਾਂ ਬਲਾਕਾਂ ਵਿਚ ਧਰਤੀ ਹੇਠਲਾਂ ਪਾਣੀ ਡੂੰਘਾ ਚਲਾ ਗਿਆ ਏ, ਓਥੇ ਸੋਲਰ ਪੰਪ ਉਨ੍ਹਾਂ ਕਿਸਾਨਾਂ ਦੇ ਬੋਰ-ਵੈਲਾਂ 'ਤੇ ਲਗਾਏ ਜਾਣਗੇ, ਜੋ ਪਹਿਲਾਂ ਹੀ ਤੁਪਕਾ ਜਾਂ ਫੁਹਾਰਾ ਸਿੰਜਾਈ ਪ੍ਰਣਾਲੀ ਦੀ ਵਰਤੋਂ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸੋਲਰ ਪੰਪਾਂ ਦੇ ਲੱਗਣ ਨਾਲ ਕਿਸਾਨਾਂ ਨੂੰ ਸਿੰਜਾਈ ਲਈ ਰਾਤ ਸਮੇਂ ਆਪਣੇ ਖੇਤਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ ਕਿਉਂਕਿ ਇਹ ਪੰਪ ਦਿਨ ਵੇਲੇ ਕਾਰਜਸ਼ੀਲ ਹੋਣਗੇ। ਇਸ ਨਾਲ ਨਾ ਸਿਰਫ਼ ਡੀਜ਼ਲ ਉੱਤੇ ਆਉਣ ਵਾਲਾ ਖ਼ਰਚਾ ਬਚੇਗਾ ਸਗੋਂ ਜ਼ੀਰੋ ਫ਼ੀਸਦ ਕਾਰਬਨ ਨਿਕਾਸੀ ਹੋਵੇਗੀ, ਜਿਸ ਨਾਲ ਵਧੇਰੇ ਟਿਕਾਊ ਖੇਤੀ ਅਭਿਆਸਾਂ ਨੂੰ ਉਤਸ਼ਾਹ ਮਿਲੇਗਾ। ਸ੍ਰੀ ਅਮਨ ਅਰੋੜਾ ਨੇ ਪੇਡਾ ਦੇ ਅਧਿਕਾਰੀਆਂ ਨੂੰ ਕਿਸਾਨਾਂ ਦੀ ਭਲਾਈ ਲਈ ਹੋਰ ਖੇਤੀ ਸੋਲਰ ਪੰਪ ਲਗਾਉਣ ਲਈ ਉਪਰਾਲੇ ਕਰਨ ਦੇ ਵੀ ਨਿਰਦੇਸ਼ ਦਿੱਤੇ। ਦੱਸਣਯੋਗ ਹੈ ਕਿ ਕੁਛ ਸੋਲਰ ਪੰਪਾਂ ਵਾਸਤੇ ਜਨਰਲ ਸ਼੍ਰੇਣੀ ਦੇ ਕਿਸਾਨਾਂ ਲਈ 60 ਫ਼ੀਸਦ ਅਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ 80 ਫ਼ੀਸਦ ਸਬਸਿਡੀ ਦਿਤੀ ਜਾਂਦੀ ਏ।

---

ਕ੍ਰਿਕਟ ਵਿਚ ਆਸਟ੍ਰੇਲੀਆ ਦੇ ਐਡੀਲੇਡ ਓਵਲ ਕ੍ਰਿਕਟ ਸਟੇਡੀਅਮ ਵਿਖੇ ਬਾਰਡਰ – ਗਾਵਸਕਰ ਟਰਾਫੀ ਦੇ ਖੇਡੇ ਜਾ ਰਹੇ ਦੂਜੇ ਟੈਸਟ ਮੈਚ ਦੇ ਅੱਜ ਦੂਜੇ ਦਿਨ ਦਾ ਖੇਡ ਖਤਮ ਹੋਣ ਤੱਕ ਮਹਿਮਾਨ ਟੀਮ ਭਾਰਤ ਨੇ ਆਪਣੀ ਦੂਜੀ ਪਾਰੀ ਵਿਚ ਪੰਜ ਵਿਕਟਾਂ ਗੁਆ ਕੇ 128 ਦੌੜਾਂ ਬਣਾ ਲਈਆਂ ਨੇ । ਭਾਰਤੀ ਟੀਮ ਮੇਜ਼ਬਾਨ ਆਸਟਰੇਲੀਆ ਵੱਲੋਂ ਪਹਿਲੀ ਪਾਰੀ ਵਿਚ ਬਣਾਈਆਂ 337 ਦੌੜਾਂ ਦੇ ਮੁਕਾਬਲੇ ਹਾਲੇ 29 ਦੌੜਾਂ ਪਿੱਛੇ ਏ । ਪਹਿਲੀ ਪਾਰੀ ਵਿਚ ਭਾਰਤ ਨੇ 180 ਦੌੜਾਂ ਬਣਾਈਆਂ ਸਨ ।

---

- ਕੇਂਦਰੀ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਜੇ. ਪੀ NADDA ਵੱਲੋਂ ਤਪਦਿਕ ਦੇ ਖਾਤਮੇ ਲਈ ਛੇੜੀ ਗਈ 100 ਦਿਨਾ ਮੁਹਿੰਮ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰਿਆਂ ਨੂੰ ਤਪਦਿਕ ਨੂੰ ਜੜ੍ਹੋਂ ਖ਼ਤਮ ਕਰਨ ਲਈ ਰਲ ਕੇ ਆਪਣਾ ਯੋਗਦਾਨ ਪਾਉਣ ਦੀ ਕੀਤੀ ਅਪੀਲ ।

- ਅੱਜ ਹਥਿਆਰ ਬੰਦ ਫੌਜਾਂ ਦਾ ਝੰਡਾ ਦਿਵਸ ਮਨਾਇਆ ਜਾ ਰਿਹਾ ਏ।
- ਕੇਂਦਰ ਸਰਕਾਰ ਨੇ ਪ੍ਰਧਾਨ ਮੰਤਰੀ-ਕਿਸਾਨ ਯੋਜਨਾ ਦੇ ਤਹਿਤ ਮਾਲੀ ਲੋੜਾਂ ਨੂੰ ਪੂਰਾ ਕਰਨ ਲਈ ਹੁਣ 18 ਕਿਸ਼ਤਾਂ ਵਿਚ 3.46 ਕਰੋੜ ਰੁਪਏ ਦੀ ਵੰਡ ਕੀਤੀ ਏ।
- ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਮਿਸ਼ਨ ਰੋਜ਼ਗਾਰ ਤਹਿਤ ਅੱਜ ਸਥਾਨਕ ਸਰਕਾਰ ਬਾਰੇ ਮੰਤਰੀ ਡਾ ਰਵਜੋਤ ਸਿੰਘ ਨੇ ਅੰਮ੍ਰਿਤਸਰ ਨਗਰ ਨਿਗਮ ਦਫ਼ਤਰ ਵਿਖੇ 85 ਵਿਅਕਤੀਆਂ ਨੂੰ ਸੌਂਪੇ ਨਿਯੁਕਤੀ ਪੱਤਰ।
- ਖੇਤੀਬਾੜੀ ਸੈਕਟਰ ਵਿੱਚ ਚੁਗਿਰਦੇ ਪਖੀ ਊਰਜਾ ਦੀ ਵਰਤੋਂ ਨੂੰ ਉਤਸ਼ਾਹਿਤ ਕਰਦਿਆਂ ਪੰਜਾਬ ਊਰਜਾ ਵਿਕਾਸ ਏਜੰਸੀ ਵੱਲੋਂ ਸੂਬੇ ਭਰ ਵਿੱਚ 2 ਹਜ਼ਾਰ 356 ਸੂਰਜੀ ਪੰਪ ਲਾਏ ਜਾਣਗੇ।